ਰਾਗੁ ਰਾਮਕਲੀ ਮਹਲਾ ੫ ਘਰੁ ੨ ਦੁਪਦੇ ੴ ਸਤਿਗੁਰ ਪ੍ਰਸਾਦਿ ॥ ਗਾਵਹੁ ਰਾਮ ਕੇ ਗੁਣ ਗੀਤ ॥ ਨਾਮੁ ਜਪਤ ਪਰਮ ਸੁਖੁ ਪਾਈਐ ਆਵਾ ਗਉਣੁ ਮਿਟੈ ਮੇਰੇ ਮੀਤ ॥੧॥ ਰਹਾਉ ॥ ਗੁਣ ਗਾਵਤ ਹੋਵਤ ਪਰਗਾਸੁ ॥ ਚਰਨ ਕਮਲ ਮਹਿ ਹੋਇ ਨਿਵਾਸੁ ॥ ੧॥ ਸੰਤਸੰਗਤਿ ਮਹਿ ਹੋਇ ਉਧਾਰੁ ॥ ਨਾਨਕ ਭਵਜਲੁ ਉਤਰਸਿ ਪਾਰਿ ॥੨॥੧॥੫੭॥ {ਪੰਨਾ 901}

ਪਦਅਰਥ:- ਜਪਤ—ਜਾਪਦਿਆਂ। ਪਰਮ—ਸਭ ਤੋਂ ਉੱਚਾ। ਪਾਈਐ—ਹਾਸਲ ਕਰੀਦਾ ਹੈ। ਆਵਾਗਉਣੁ—ਜਗਤ ਵਿਚ ਆਉਣ ਤੇ ਜਗਤ ਤੋਂ ਜਾਣ (ਦਾ ਗੇੜ), ਜਨਮ ਮਰਨ ਦਾ ਗੇੜ। ਮੀਤ—ਹੇ ਮਿੱਤਰ!।1। ਰਹਾਉ।

ਗਾਵਤ—ਗਾਂਦਿਆਂ। ਪਰਗਾਸੁ—ਚਾਨਣ। ਮਹਿ—ਵਿਚ। ਨਿਵਾਸੁ—ਟਿਕਾਉ।1।

ਸੰਤ ਸੰਗਤਿ—ਗੁਰੂ ਦੀ ਸੰਗਤਿ। ਉਧਾਰੁ—ਪਾਰ-ਉਤਾਰਾ। ਭਵਜਲੁ—ਸੰਸਾਰ-ਸਮੁੰਦਰ। ਉਤਰਸਿ—ਤੂੰ ਲੰਘ ਜਾਹਿੰਗਾ।2।

ਅਰਥ:- ਹੇ ਮੇਰੇ ਮਿੱਤਰ! ਪਰਮਾਤਮਾ ਦੇ ਗੁਣਾਂ ਦੇ ਗੀਤ (ਸਦਾ) ਗਾਂਦਾ ਰਹੁ। ਪਰਮਾਤਮਾ ਦਾ ਨਾਮ ਜਪਦਿਆਂ ਸਭ ਤੋਂ ਸ੍ਰੇਸ਼ਟ ਸੁਖ ਹਾਸਲ ਕਰ ਲਈਦਾ ਹੈ ਅਤੇ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।1। ਰਹਾਉ।

ਹੇ ਮਿੱਤਰ! ਪਰਮਾਤਮਾ ਦੇ ਗੁਣ ਗਾਂਦਿਆਂ (ਮਨ ਵਿਚ ਸਹੀ ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ, ਅਤੇ ਪਰਮਾਤਮਾ ਦੇ ਸੋਹਣੇ ਚਰਨਾਂ ਵਿਚ ਮਨ ਟਿਕਿਆ ਰਹਿੰਦਾ ਹੈ।1।

ਹੇ ਨਾਨਕ! (ਆਖ—ਹੇ ਮਿੱਤਰ!) ਗੁਰੂ ਦੀ ਸੰਗਤਿ ਵਿਚ ਰਿਹਾਂ ਤੇਰਾ ਪਾਰ-ਉਤਾਰਾ ਹੋ ਜਾਇਗਾ, ਤੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਹਿੰਗਾ।2।1। 57।